ਸੋਰਠਿ ਮਹਲਾ ੧ ॥ ਜਿਉ ਮੀਨਾ ਬਿਨੁ ਪਾਣੀਐ ਤਿਉ ਸਾਕਤੁ ਮਰੈ ਪਿਆਸ ॥ ਤਿਉ ਹਰਿ ਬਿਨੁ ਮਰੀਐ ਰੇ ਮਨਾ ਜੋ ਬਿਰਥਾ ਜਾਵੈ ਸਾਸੁ ॥੧॥ ਮਨ ਰੇ ਰਾਮ ਨਾਮ ਜਸੁ ਲੇਇ ॥ ਬਿਨੁ ਗੁਰ ਇਹੁ ਰਸੁ ਕਿਉ ਲਹਉ ਗੁਰੁ ਮੇਲੈ ਹਰਿ ਦੇਇ ॥ ਰਹਾਉ ॥ ਸੰਤ ਜਨਾ ਮਿਲੁ ਸੰਗਤੀ ਗੁਰਮੁਖਿ ਤੀਰਥੁ ਹੋਇ ॥ ਅਠਸਠਿ ਤੀਰਥ ਮਜਨਾ ਗੁਰ ਦਰਸੁ ਪਰਾਪਤਿ ਹੋਇ ॥ ੨॥ ਜਿਉ ਜੋਗੀ ਜਤ ਬਾਹਰਾ ਤਪੁ ਨਾਹੀ ਸਤੁ ਸੰਤੋਖੁ ॥ ਤਿਉ ਨਾਮੈ ਬਿਨੁ ਦੇਹੁਰੀ ਜਮੁ ਮਾਰੈ ਅੰਤਰਿ ਦੋਖੁ ॥੩॥ ਸਾਕਤ ਪ੍ਰੇਮੁ ਨ ਪਾਈਐ ਹਰਿ ਪਾਈਐ ਸਤਿਗੁਰ ਭਾਇ ॥ ਸੁਖ ਦੁਖ ਦਾਤਾ ਗੁਰੁ ਮਿਲੈ ਕਹੁ ਨਾਨਕ ਸਿਫਤਿ ਸਮਾਇ ॥ ੪॥੭॥
{ਪੰਨਾ 597}

ਪਦਅਰਥ:- ਮੀਨਾ—ਮੱਛੀ। ਸਾਕਤੁ—ਰੱਬ ਨਾਲੋਂ ਟੁੱਟਾ ਹੋਇਆ ਮਨੁੱਖ, ਮਾਇਆ-ਵੇੜ੍ਹਿਆ ਜੀਵ। ਮਰੈ—ਆਤਮਕ ਮੌਤੇ ਮਰਦਾ ਹੈ। ਪਿਆਸ—ਮਾਇਆ ਦੀ ਤ੍ਰਿਸ਼ਨਾ। ਬਿਰਥਾ—ਖ਼ਾਲੀ।1।

ਜਸੁ—ਸੋਭਾ, ਵਡਿਆਈ। ਕਿਉ ਲਹਉ—ਮੈਂ ਕਿਵੇਂ ਲੱਭਾਂ? ਮੈਨੂੰ ਨਹੀਂ ਲੱਭ ਸਕਦਾ। ਦੇਇ—ਦੇਂਦਾ ਹੈ। ਰਹਾਉ।

ਮਿਲੁ—{ਹੁਕਮੀ ਭੀਵੱਖਤ, ਮੱਧਮ ਪੁਰਖ, ਇਕ-ਵਚਨ} (ਹੇ ਭਾਈ!) ਮਿਲ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣਾ। ਅਠਸਠਿ—ਅਠਾਹਠ {ਲਫ਼ਜ਼ 'ਤੀਰਥੁ' ਇਕ-ਵਚਨ ਹੈ, 'ਤੀਰਥ' ਬਹੁ-ਵਚਨ ਹੈ}। ਮਜਨਾ—ਇਸ਼ਨਾਨ। ਗੁਰ ਦਰਸੁ—ਗੁਰੂ ਦਾ ਦਰਸਨ।2।

ਜਤ—ਇੰਦ੍ਰਿਆਂ ਨੂੰ ਵੱਸ ਵਿਚ ਰੱਖਣਾ। ਦੇਹੁਰੀ—ਸਰੀਰ। ਜਮੁ—ਮੌਤ, ਮੌਤ ਦਾ ਡਰ। ਦੋਖੁ—ਵਿਕਾਰ।3।

ਸਾਕਤ—ਸਾਕਤਾਂ ਪਾਸੋਂ। ਭਾਇ—ਪ੍ਰੇਮ ਵਿਚ। ਸਮਾਇ—ਲੀਨ ਰਹਿੰਦਾ ਹੈ।4।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਦੀ ਸਿਫ਼ਤਿ-ਸਾਲਾਹ ਕਰ। (ਪਰ) ਗੁਰੂ ਦੀ ਸਰਨ ਪੈਣ ਤੋਂ ਬਿਨਾ ਇਹ ਆਨੰਦ ਨਹੀਂ ਮਿਲ ਸਕਦਾ। ਪ੍ਰਭੂ (ਮੇਹਰ ਕਰ ਕੇ) ਜਿਸ ਨੂੰ ਗੁਰੂ ਮਿਲਾਂਦਾ ਹੈ ਉਸ ਨੂੰ (ਇਹ ਰਸ) ਦੇਂਦਾ ਹੈ। ਰਹਾਉ।

ਜਿਵੇਂ ਪਾਣੀ ਤੋਂ ਬਿਨਾ ਮੱਛੀ (ਤੜਫਦੀ) ਹੈ ਤਿਵੇਂ ਮਾਇਆ-ਵੇੜ੍ਹਿਆ ਜੀਵ ਤ੍ਰਿਸ਼ਨਾ ਦੇ ਅਧੀਨ ਰਹਿ ਕੇ ਦੁਖੀ ਹੁੰਦਾ ਹੈ। ਇਸੇ ਤਰ੍ਹਾਂ, ਹੇ ਮਨ! ਹਰੀ-ਸਿਮਰਨ ਤੋਂ ਬਿਨਾ ਜੇਹੜਾ ਭੀ ਸੁਆਸ ਖ਼ਾਲੀ ਜਾਂਦਾ ਹੈ (ਉਸ ਵਿਚ ਦੁਖੀ ਹੋ ਹੋ ਕੇ) ਆਤਮਕ ਮੌਤੇ ਮਰੀਦਾ ਹੈ।1।

(ਹੇ ਮਨ!) ਸੰਤ ਜਨਾਂ ਦੀ ਸੰਗਤਿ ਵਿਚ ਮਿਲ (ਸਤਸੰਗ ਵਿਚ ਰਹਿ ਕੇ) ਗੁਰੂ ਦੇ ਸਨਮੁਖ ਰਹਿਣਾ ਹੀ (ਅਸਲ) ਤੀਰਥ (-ਇਸ਼ਨਾਨ) ਹੈ। ਜਿਸ ਮਨੁੱਖ ਨੂੰ ਗੁਰੂ ਦਾ ਦਰਸਨ ਹੋ ਜਾਂਦਾ ਹੈ ਉਸ ਨੂੰ ਅਠਾਹਠ ਤੀਰਥਾਂ ਦਾ ਇਸ਼ਨਾਨ ਪ੍ਰਾਪਤ ਹੋ ਜਾਂਦਾ ਹੈ।2।

ਜਿਸ ਨੇ ਆਪਣੇ ਇੰਦ੍ਰਿਆਂ ਨੂੰ ਵੱਸ ਵਿਚ ਨਹੀਂ ਕੀਤਾ ਉਹ ਜੋਗੀ (ਨਿਸਫਲ ਹੈ), ਜੇ ਅੰਦਰ ਸੰਤੋਖ ਨਹੀਂ, ਉੱਚਾ ਜੀਵਨ ਨਹੀਂ, ਤਾਂ (ਕੀਤਾ ਹੋਇਆ) ਤਪ ਵਿਅਰਥ ਹੈ। ਇਸੇ ਤਰ੍ਹਾਂ ਜੇ ਪ੍ਰਭੂ ਦਾ ਨਾਮ ਨਹੀਂ ਸਿਮਰਿਆ, ਤਾਂ ਇਹ ਮਨੁੱਖਾ ਸਰੀਰ ਵਿਅਰਥ ਹੈ। ਨਾਮ-ਹੀਣੇ ਮਨੁੱਖ ਦੇ ਅੰਦਰ ਵਿਕਾਰ ਹੀ ਵਿਕਾਰ ਹੈ, ਉਸ ਨੂੰ ਜਮਰਾਜ ਸਜ਼ਾ ਦੇਂਦਾ ਹੈ।3।

(ਪ੍ਰਭੂ-ਚਰਨਾਂ ਦਾ) ਪਿਆਰ ਮਾਇਆ-ਵੇੜ੍ਹੇ ਬੰਦਿਆਂ ਤੋਂ ਨਹੀਂ ਮਿਲਦਾ, ਗੁਰੂ ਨਾਲ ਪਿਆਰ ਪਾਇਆਂ ਹੀ ਪਰਮਾਤਮਾ ਮਿਲਦਾ ਹੈ। ਹੇ ਨਾਨਕ! ਆਖ—ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਸਨੂੰ ਸੁਖਾਂ ਦੁੱਖਾਂ ਦਾ ਦੇਣ ਵਾਲਾ ਰੱਬ ਮਿਲ ਪੈਂਦਾ ਹੈ, ਉਹ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਲੀਨ ਰਹਿੰਦਾ ਹੈ।4।7।